**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10**

**ਮਿਤੀ : 12-07-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਰੋਜ਼ਗਾਰ ਮੇਲਾ ਨੌਜਵਾਨਾਂ ਨੂੰ ਸਸ਼ਕਤ ਬਣਾਉਣ ਅਤੇ ਉਨ੍ਹਾਂ ਨੂੰ ਵਿਕਾਸ ਭਾਰਤ ਬਣਾਉਣ ਵਿੱਚ ਉਤਪ੍ਰੇਰਕ ਬਣਾਉਣ ਲਈ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਏ।ਪ੍ਰਧਾਨ ਮੰਤਰੀ ਅੱਜ ਵੀਡੀਓ ਕਾਨਫਰੰਸਿੰਗ ਰਾਹੀਂ ਵੱਖ-ਵੱਖ ਸਰਕਾਰੀ ਵਿਭਾਗਾਂ ਵਿੱਚ ਨਵ-ਨਿਯੁਕਤ ਨੌਜਵਾਨਾਂ ਨੂੰ 51 ਹਜ਼ਾਰ ਤੋਂ ਵੱਧ ਨਿਯੁਕਤੀ ਪੱਤਰ ਵੰਡਣ ਤੋਂ ਬਾਅਦ ਰੋਜ਼ਗਾਰ ਮੇਲੇ ਦੌਰਾਨ ਸੰਬੋਧਨ ਕਰ ਰਹੇ ਸਨ ।

**BYTE:**

ਨਵ-ਨਿਯੁਕਤ ਨੌਜਵਾਨਾਂ ਨੂੰ ਵਧਾਈ ਦਿੰਦੇ ਹੋਏ, ਸ਼੍ਰੀ ਮੋਦੀ ਨੇ ਕਿਹਾ ਕਿ ਨੌਜਵਾਨ ਹੁਣ ਰਾਸ਼ਟਰ ਨਿਰਮਾਣ ਵਿੱਚ ਵੱਡੀ ਭੂਮਿਕਾ ਨਿਭਾ ਰਹੇ ਨੇ । ਉਨ੍ਹਾਂ ਨੇ ਦੇਸ਼ ਵਿੱਚ ਵਿਕਸਤ ਕੀਤੇ ਜਾ ਰਹੇ ਸਟਾਰਟਅੱਪ, ਕਾਢਾਂ ਅਤੇ

ਖੋਜ ਦੇ ਬੇਹਤਰ ਮਾਹੌਲ ਬਾਰੇ ਜ਼ਿਕਰ ਕੀਤਾ, ਜੋ ਦੇਸ਼ ਦੇ ਨੌਜਵਾਨਾਂ ਦੀਆਂ ਸਮਰੱਥਾਵਾਂ ਨੂੰ ਵਧਾ ਰਿਹਾ ਏ।

-----------------------------------------------------------

ਨਿਯੁਕਤੀ ਪੱਤਰ ਵੰਡਣ ਦੇ ਪ੍ਰੋਗਰਾਮ ਪੰਜਾਬ ਦੀਆਂ ਦੋ ਥਾਵਾਂ ਸਮੇਤ ਦੇਸ਼ ਭਰ ਵਿੱਚ 47 ਥਾਵਾਂ 'ਤੇ ਆਯੋਜਿਤ ਕੀਤੇ ਗਏ। ਕੇਂਦਰੀ ਸਹਿਕਾਰਤਾ ਰਾਜ ਮੰਤਰੀ ਕ੍ਰਿਸ਼ਨ ਪਾਲ ਗੁਰਜਰ ਨੇ ਕਪੂਰਥਲਾ ਸਥਿਤ ਰੇਲ ਕੋਚ ਫੈਕਟਰੀ ਵਿਖੇ ਆਯੋਜਿਤ ਸਮਾਗਮ ਵਿੱਚ 68 ਨਵੇਂ ਨਿਯੁਕਤ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਵੰਡੇ। ਨਵ ਨਿਯੁਕਤ ਨੌਜਵਾਨਾਂ ਨੂੰ ਸੰਬੋਧਨ ਕਰਦੇ ਹੋਏ, ਉਨ੍ਹਾਂ ਨੇ ਉਨ੍ਹਾਂ ਨੂੰ ਦੇਸ਼ ਨੂੰ ਵਿਕਾਸ ਭਾਰਤ ਬਣਾਉਣ ਦੇ ਪ੍ਰਧਾਨ ਮੰਤਰੀ ਦੇ ਸੁਪਨੇ ਵੱਲ ਕੰਮ ਕਰਨ ਦਾ ਸੱਦਾ ਦਿੱਤਾ।

**BYTE**

ਓਧਰ ਪਟਿਆਲਾ ਵਿਖੇ, ਪਟਿਆਲਾ ਲੋਕੋਮੋਟਿਵ ਵਰਕਸ ਵਿਭਾਗ ਵਿਖੇ ਆਯੋਜਿਤ ਪ੍ਰੋਗਰਾਮ ਵਿੱਚ 216 ਨਵੇਂ ਨਿਯੁਕਤ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ ਗਏ । ਰੋਜ਼ਗਾਰ ਮੇਲਾ ਰੁਜ਼ਗਾਰ ਪੈਦਾ ਕਰਨ ਨੂੰ ਸਭ ਤੋਂ ਵੱਧ ਤਰਜੀਹ ਦੇਣ ਦੀ ਪ੍ਰਧਾਨ ਮੰਤਰੀ ਦੀ ਵਚਨਬੱਧਤਾ ਨੂੰ ਪੂਰਾ ਕਰਨ

ਵੱਲ ਇੱਕ ਕਦਮ ਏ । ਹੁਣ ਤੱਕ ਦੇਸ਼ ਭਰ ਵਿੱਚ ਰੋਜ਼ਗਾਰ ਮੇਲਿਆਂ ਰਾਹੀਂ 10 ਲੱਖ ਤੋਂ ਵੱਧ ਭਰਤੀ ਪੱਤਰ ਜਾਰੀ ਕੀਤੇ ਜਾ ਚੁੱਕੇ ਨੇ।

---------------------------------------------------

ਸੀਮਾ ਸੁਰੱਖਿਆ ਬਲ ਅਤੇ ਨਸ਼ਾ ਵਿਰੋਧੀ ਕਾਰਜ ਬਲ ਨੇ ਅੰਮ੍ਰਿਤਸਰ ਵਿੱਚ ਇਕ ਤਸਕਰ ਨੂੰ ਇੱਕ ਕਿਲੋ ਤੋਂ ਵੱਧ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਏ । ਖੁਫੀਆ ਜਾਣਕਾਰੀ ਦੇ ਆਧਾਰ 'ਤੇ, ਬੀ.ਐਸ.ਐਫ ਅਤੇ ਅੰਮ੍ਰਿਤਸਰ ਦੇ ਨਸ਼ਾ ਵਿਰੋਧੀ ਕਾਰਜ ਬਲ ਦੇ ਜਵਾਨਾਂ ਨੇ ਪਿੰਡ ਕੱਕੜ ਵਿੱਚ ਇੱਕ ਸ਼ੱਕੀ ਘਰ ਵਿਚ ਛਾਪੇਮਾਰੀ ਦੌਰਾਨ 2 ਪੈਕੇਟ ਹੈਰੋਇਨ 2 ਮੋਬਾਈਲ ਫੋਨ ਨਾਲ 1 ਭਾਰਤੀ ਤਸਕਰ ਨੂੰ ਗ੍ਰਿਫ਼ਤਾਰ ਕੀਤਾ । ਤਸਕਰ, ਪਿੰਡ ਕੱਕੜ ਦਾ ਹੀ ਵਸਨੀਕ ਏ ਅਗਲੇਰੀ ਜਾਂਚ ਜਾਰੀ ਏ ।

---------------------------------------------------

ਗੁਰਦਾਸਪੁਰ ਪੁਲਿਸ ਨੇ ਜਿਲ੍ਹੇ ਦੇ ਪੁਲਿਸ ਸਾਂਝ ਕੇਂਦਰਾਂ ਦੀ ਇੰਚਾਰਜ ਇੰਸਪੈਕਟਰ ਇੰਦਰਬੀਰ ਕੋਰ ਨੂੰ ਭ੍ਰਿਸ਼ਟਾਚਾਰ ਦੇ ਮਾਮਲੇ ਵਿਚ ਗ੍ਰਿਫਤਾਰ ਕੀਤਾ ਏ । ਮੁਲਜ਼ਮ ਇੰਦਰਬੀਰ ਕੋਰ ਸਾਂਝ ਕੇਂਦਰਾਂ ਵਿੱਚ ਕੰਮ ਕਰਨ ਵਾਲੇ ਮੁਲਾਜ਼ਮਾਂ ਤੋਂ ਉਹਨਾਂ ਦੀ ਡਿਊਟੀ ਸਾਂਝ ਕੇਂਦਰ ਵਿੱਚ ਰੱਖਣ

ਅਤੇ ਛੁਟੀਆਂ ਦੇਣ ਬਦਲੇ 3 ਤੋਂ 4 ਹਜ਼ਾਰ ਰੁਪਏ ਪ੍ਰਤੀ ਮਹੀਨਾ ਰਿਸ਼ਵਤ ਦੇਣ ਲਈ ਮਜ਼ਬੂਰ ਕਰਦੀ ਸੀ ਅਤੇ ਕਈ ਕਰਮਚਾਰੀਆਂ ਤੋ ਕਾਫੀ ਸਮੇਂ ਤੋ ਗੁੱਗਲ-ਪੇ ਰਾਹੀਂ ਆਪਣੇ ਖ਼ਾਤੇ ਵਿੱਚ ਪੈਸੇ ਪਵਾ ਰਹੀ ਸੀ। ਜਿਸ ਨੂੰ ਲੈ ਕੇ ਸਾਂਝ ਕੇਂਦਰਾਂ ਦੇ ਮੁਲਾਜ਼ਮਾਂ ਵੱਲੋਂ ਐਸ.ਐਸ.ਪੀ ਨੂੰ ਇੱਕ ਲਿਖਤੀ ਸ਼ਿਕਾਇਤ ਦਿੱਤੀ ਗਈ। ਇੰਦਰਬੀਰ ਕੌਰ ਸਾਲ 2007 ਵਿੱਚ ਆਪਣੇ ਪਤੀ ਦੀ ਮੌਤ ਤੋਂ ਬਾਅਦ ਤਰਸ ਕੋਟੇ ਦੇ ਅਧਾਰ ਤੇ ਪੰਜਾਬ ਪੁਲਿਸ ਵਿੱਚ ਭਰਤੀ ਹੋਈ ਸੀ। ਸਾਡੇ ਪੱਤਰਕਾਰ ਨੇ ਦਸਿਆ ਏ, ਉਸਨੂੰ ਅਦਾਲਤ ਵਿਚ ਪੇਸ਼ ਕਰਕੇ ਤਿੰਨ ਦਿਨ ਦਾ ਪੁਲਿਸ ਰਿਮਾਂਡ ਹਾਸਿਲ ਕੀਤਾ ਗਿਆ ।

---------------------------------------------------------

ਕੇਂਦਰੀ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਦੇ "ਮੇਰਾ ਯੁਵਾ ਭਾਰਤ" ਵਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਵਿਖੇ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਬਾਰੇ ਇੱਕ ਦਿਨਾ ਵਰਕਸ਼ਾਪ ਲਗਾਈ ਗਈ। ਵਰਕਸ਼ਾਪ ਵਿੱਚ ਯੂਨੀਵਰਸਿਟੀ ਦੇ ਵਿਦਿਆਰਥੀਆਂ ਤੇ ਸਮੂਹ ਯੂਥ ਕਲੱਬਾਂ ਦੇ ਮੈਬਰਾਂ ਨੂੰ ਸਾਲ 2025-26 ਦੇ ਦੌਰਾਨ ਹੋਣ ਵਾਲੇ

ਪ੍ਰੋਗਰਾਮਾਂ ਅਤੇ ਆਯੂਸ਼ਮਾਨ ਭਾਰਤ, ਸਕਿੱਲ ਇੰਡੀਆ, ਮੁਦਰਾ ਯੋਜਨਾ,ਸਵੱਛ ਭਾਰਤ ਅਭਿਆਨ ਜਿਹੀਆਂ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ ਗਈ। ਕੋਆਡੀਨੇਟਰ ਕਾਰਤਿਕ ਸਿੰਗਲਾ ਨੇ ਦੱਸਿਆ ਕਿ ਯੂਨੀਵਰਸਿਟੀ ਦੇ ਵਿਦਿਆਰਥੀਆਂ ਦੇ ਨਾਲ ਨਾਲ ਵੱਖ-ਵੱਖ ਪਿੰਡਾਂ ਦੀਆਂ ਯੂਥ ਕਲੱਬਾਂ ਦੇ ਨੌਜਵਾਨਾਂ ਨੇ ਹਿੱਸਾ  ਲਿਆ। ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਪ੍ਰਿਤਪਾਲ ਸਿੰਘ ਨੇ ਕੈਂਪਸ ਵਿੱਚ "ਏਕ ਪੇੜ  ਮਾਂ ਕੇ ਨਾਮ" ਤਹਿਤ ਵੀ ਬੂਟੇ ਵੀ ਲਗਾਏ ਗਏ।

---------------------------------------------------------------

ਪਟਿਆਲਾ ਜ਼ਿਲ੍ਹੇ ਅੰਦਰ ਕੱਲ ਵੱਡੇ ਪੱਧਰ 'ਤੇ ਇੱਕ ਲੱਖ ਬੂਟੇ ਲਗਾਏ ਗਏ। ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ  ਦੱਸਿਆ ਕਿ ਜ਼ਿਲ੍ਹੇ ਅੰਦਰ ਇਸ ਬਰਸਾਤੀ ਮੌਸਮ 'ਚ 6 ਲੱਖ ਬੂਟੇ ਲਗਾਏ ਜਾਣ ਦਾ ਟੀਚਾ ਮਿੱਥਿਆ ਗਿਆ , ਜਿਸ 'ਚੋਂ ਸਾਢੇ 3 ਲੱਖ ਬੂਟੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ 350 ਸਾਲਾ ਸ਼ਹੀਦੀ ਦਿਵਸ ਨੂੰ ਸਮਰਪਿਤ ਕਰਕੇ ਲਗਾਏ ਜਾਣਗੇ। ਡਿਪਟੀ ਕਮਿਸ਼ਨਰ ਨੇ ਵਾਤਾਵਰਣ ਨੂੰ ਹਰਾ ਭਰਾ ਰੱਖਣ ਲਈ

ਜ਼ਿਲ੍ਹਾ ਨਿਵਾਸੀਆਂ ਨੂੰ ਇੱਕ-ਇੱਕ ਬੂਟਾ ਲਾਉਣ ਅਤੇ ਇਨ੍ਹਾਂ ਨੂੰ ਸੰਭਾਲਣ ਦਾ ਸੱਦਾ ਦਿੱਤਾ।

---------------------------------------------------------------

ਰੂਪਨਗਰ ਦੇ ਸਤਲੁਜ ਪ੍ਰੈੱਸ ਕਲੱਬ ਵਲੋਂ ਥੈਲਾਸੀਮੀਆ ਦੇ ਮਰੀਜ਼ਾਂ ਨੂੰ ਸਮਰਪਿਤ ਇੱਕ ਖ਼ੂਨਦਾਨ ਕੈਂਪ ਲਗਾਇਆ ਗਿਆ। ਇਸ ਖ਼ੂਨਦਾਨ ਕੈਂਪ 35 ਯੂਨਿਟ ਖ਼ੂਨ ਦਾਨ ਕੀਤਾ ਗਿਆ । ਸਰਕਾਰੀ ਹਸਪਤਾਲ ਦੇ ਸੀਨੀਅਰ ਮੈਡੀਕਲ ਅਫਸਰ ਡਾਕਟਰ ਉਪਿੰਦਰ ਸਿੰਘ ਤੇ ਉਨ੍ਹਾਂ ਦੀ ਟੀਮ ਇਸ ਮੌਕੇ ਮੌਜੂਦ ਰਹੇ । ਵਿਧਾਇਕ ਦਿਨੇਸ਼ ਚੱਡਾ ਨੇ ਕਲੱਬ ਵੱਲੋਂ ਕੀਤੇ ਜਾ ਰਹੇ ਸਮਾਜ ਸੇਵੀ ਕੰਮਾਂ ਦੀ ਪ੍ਰਸ਼ੰਸਾ ਕੀਤੀ।

---------------------------------------------------------------

ਆਯੂਰਵੈਦ ਬਾਰੇ ਪੰਜਾਬ ਡਾਇਰੈਕਟਰ ਦੀਆਂ ਹਦਾਇਤਾਂ 'ਤੇ ਆਮ ਲੋਕਾਂ ਨੂੰ ਬੀਮਾਰੀਆਂ ਦੀ ਰੋਕਥਾਮ ਲਈ ਜਾਗਰੂਕ ਕਰਨ ਅਤੇ ਇਲਾਜ ਸਬੰਧੀ ਫਰੀਦਕੋਟ ਜਿਲ੍ਹੇ ਵਿੱਚ ਵੱਖ ਵੱਖ ਥਾਵਾਂ ਤੇ ਆਯੂਸ਼ ਕੈਂਪ ਲਾਏ ਜਾ ਰਹੇ ਨੇ । ਆਯੂਰਵੈਦਿਕ ਅਤੇ ਯੂਨਾਨੀ ਅਫਸਰ ਡਾ. ਨਵਪ੍ਰੀਤ ਕੋਰ ਨੇ ਦੱਸਿਆ ਕਿ ਦੱਸਿਆ ਕਿ ਜਿਲ੍ਹੇ ਵਿੱਚ 14 ਜੁਲਾਈ ਨੂੰ ਪਿੰਡ ਪੱਕਾ ਕਲ੍ਹਾਂ

ਵਿਖੇ, 17 ਜੁਲਾਈ ਨੂੰ ਪਿੰਡ ਸਾਦਿਕ ਵਿਖੇ ਆਯੂਸ਼ ਕੈਂਪਾਂ ਦਾ ਆਯੋਜਨ ਕੀਤਾ ਜਾ ਰਿਹਾ ਏ।